


# ਭਾਰਤ ਦੇ ਮਹਾਨ ਹਾਕੀ ਖਿਡਾਰੀ ਪਦਮ ਸ਼੍ਰੀ ਬਲਬੀਰ ਸਿੰਘ ਸੀਨੀਅਰ ਦਾ ਦੇਹਾਂਤ



ਮੁਹਾਲੀ / 'ਅੱਜ ਦਾ ਪੰਜਾਬ' ਬਿਓਰੋ

ਓਲੰਪਿਕ ਵਿਚ ਭਾਰਤ ਨੂੰ ਤਿੰਨ ਸੋਨ ਤਗਮੇ ਜਿੱਤਣਉਣ ਵਾਲੇ ਭਾਰਤ ਦੇ ਮਹਾਨ ਹਾਕੀ ਖਿਡਾਰੀ, ਪਦਮਸ਼੍ਰੀ ਬਲਬੀਰ ਸਿੰਘ ਸੀਨੀਅਰ ਨੇ ਮੁਹਾਲੀ ਦੇ ਫੋਰਟਿਸ ਹਸਪਤਾਲ ਵਿਚ ਆਖਰੀ ਸਾਹ ਲਏ। ਉਹ 96 ਸਾਲਾ ਦੇ ਸਨ। ਉਹਨਾ ਨੂੰ ਸਾਹ ਅਤੇ ਨਮੂਨੀਏ ਦੀ ਤਕਲੀਫ ਕਾਰਨ ਹਸਪਤਾਲ ਵਿਚ ਦਾਖਲ ਕਰਾਇਆ ਗਿਆ ਸੀ। ਉਨ੍ਹਾਂ ਦੀ ਕਰੋਨਾ ਰਿਪੋਰਟ ਨੈਗੇਟਿਵ ਆਈ ਸੀ। ਉਨ੍ਹਾਂ ਨੂੰ ਇਲਾਜ ਦੌਰਾਨ ਦਿਲ ਦੇ ਤਿੰਨ ਦੌਰੇ ਪੈ ਚੁੱਕੇ ਸਨ ਤੇ ਦਿਮਾਗ ਵਿੱਚ ਖੂਨ ਦਾ ਧੱਬਾ ਬਣਨ ਕਾਰਨ ਉਹ ਬੇਹੋਸ਼ੀ ਦੀ ਹਾਲਤ ਵਿੱਚ ਚਲੇ ਗਏ ਸਨ। ਉਨ੍ਹਾਂ ਨੂੰ ਵੈਂਟੀਲੇਟਰ ਦੇ ਸਹਾਰੇ ਰੱਖਿਆ ਗਿਆ ਸੀ।

ਬਲਬੀਰ ਸਿੰਘ ਸੀਨੀਅਰ ਦੁਨੀਆ ਭਰ ਵਿਚ ਗੋਲ ਮਸ਼ੀਨ ਦੇ ਨਾਂ ਨਾਲ ਮਸ਼ਹੂਰ ਸਨ। ਸ੍ਰੀ ਸੀਨੀਅਰ ਨੇ ਭਾਰਤ ਨੂੰ ਹਾਕੀ ਵਿੱਚ ਲਗਾਤਾਰ ਤਿੰਨ ਵਾਰ ਉਲੰਪਿਕ ਵਿੱਚ ਸੋਨ ਤਗਮਾ ਦਿਵਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਸੀ। 1948 ਉਲੰਪਿਕ ਵਿੱਚ ਉਨ੍ਹਾਂ ਬਤੌਰ ਖਿਡਾਰੀ ਭਾਰਤ ਨੂੰ ਸੋਨ ਤਗਮਾ ਦਿਵਾਇਆ। 1952 ਉਲੰਪਿਕ ਵਿੱਚ ਉਨ੍ਹਾਂ ਉੱਪ ਕਪਤਾਨ ਵਜੋਂ ਭਾਰਤੀ ਟੀਮ ਨੂੰ ਗੋਲਡ ਮੈਡਲ ਜਿਤਾਇਆ ਅਤੇ 1956 ਉਲੰਪਿਕ ਵਿੱਚ ਉਨ੍ਹਾਂ ਭਾਰਤੀ ਹਾਕੀ ਟੀਮ ਦੀ ਕਪਤਾਨੀ ਕਰਦਿਆਂ ਭਾਰਤ ਦੀ ਝੋਲੀ ਲਗਾਤਾਰ ਤੀਜੀ ਵਾਰ ਗੋਲਡ ਮੈਡਲ ਪਵਾਇਆ।

ਉਨ੍ਹਾਂ ਦੀ ਮੌਤ ਨਾਲ ਸਮੁੱਚੇ ਖੇਡ ਜਗਤ ਵਿੱਚ ਸੋਗ ਦੀ ਲਹਿਰ ਫੈਲ ਗਈ ਹੈ। ਖੇਡ ਜਗਤ ਨਾਲ ਜੁੜੇ ਲੋਕਾਂ ਤੋਂ ਲੈ ਕੇ ਵੱਡੇ ਨੇਤਾਵਾਂ ਤਕ ਨੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਹੈ। ਪੀ.ਐੱਮ. ਮੋਦੀ ਨੇ ਟਵੀਟ ਕਰਕੇ ਕਿਹਾ ਕਿ ਪਦਮ ਸ਼੍ਰੀ ਬਲਬੀਰ ਸਿੰਘ ਸੀਨੀਅਰ ਜੀ ਨੂੰ ਉਨ੍ਹਾਂ ਦੇ ਯਾਦਗਾਰ ਖੇਡ ਪ੍ਰਦਰਸ਼ਨਾਂ ਲਈ ਯਾਦ ਕੀਤਾ ਜਾਵੇਗਾ। ਨਿਰਸੰਦੇਹ ਉਹ ਇਕ ਸ਼ਾਨਦਾਰ ਹਾਕੀ ਖਿਡਾਰੀ ਸਨ, ਉਨ੍ਹਾਂ ਨੇ ਇਕ ਮਹਾਨ ਖਿਡਾਰੀ ਦੇ ਰੂਪ ਵਿਚ ਵੀ ਆਪਣੀ ਪਛਾਣ ਬਣਾਈ। ਉਨ੍ਹਾਂ ਦੀ ਮੌਤ ਦੀ ਦੁੱਖ ਹੋਇਆ। ਉਨ੍ਹਾਂ ਦੇ ਪਰਿਵਾਰ ਅਤੇ ਸ਼ੁੱਭਚਿੰਤਕਾਂ ਪ੍ਰਤੀ ਸੰਵੇਦਨਾ।'

ਕੇਂਦਰ ਖੇਡ ਮੰਤਰੀ ਕਿਰਨ ਰਿਜਿਜੂ ਨੇ ਕਿਹਾ ਕਿ ਭਾਰਤ ਦੇ ਦਿੱਗਜ ਹਾਕੀ ਖਿਡਾਰੀ ਬਲਬੀਰ ਸਿੰਘ ਸੀਨੀਅਰ ਦੀ ਮੌਤ ਦਾ ਗਹਿਰਾ ਦੁੱਖ ਹੋਇਆ। ਉਹ 1948 ਲੰਡਨ, 1952 ਹੇਲਸਿੰਕੀ ਅਤੇ 1956 ਮੈਲਬਰਨ ਓਲੰਪਿਕ ਵਿਚ ਭਾਰਤ ਨੂੰ ਗੋਲਡ ਮੈਡਲ ਜਿਤਾਉਣ ਵਾਲੀ ਟੀਮ ਦਾ ਹਿੱਸਾ ਸਨ। ਮੈਂ ਆਪਣੀ ਸ਼ਰਧਾਂਜਲੀ ਭੇਟ ਕਰਦਾ ਹਾਂ ਅਤੇ ਇਸ ਮਹਾਨ ਆਤਮਾ ਦੀ ਸ਼ਾਂਤੀ ਲਈ ਪ੍ਰਾਰਥਨਾ ਕਰਦਾ ਹਾਂ।

ਧੰਨਵਾਦ ਸਹਿਤ: ਅੱਜ ਦਾ ਪੰਜਾਬ

# ਅੰਤਰਰਾਸ਼ਟਰੀ ਗੋਲਡ ਮੈਡਲਿਸ਼ਟ ਕਵੀਸ਼ਰ ਭਾਈ ਜੁਗਰਾਜ ਸਿੰਘ ਮੌੜ ਮਾਲਵਾ ਨਹੀਂ ਰਹੇ

ਬਾਘਾ ਪੁਰਾਣਾ/ ਰਾਜਿੰਦਰ ਸਿੰਘ ਕੋਟਲਾ

ਮਾਲਵੇ ਦੀ ਨਾਮਵਰ ਧਾਰਮਿਕ ਸੰਸਥਾ ਮਾਲਵਾ ਕਵੀਸ਼ਰ ਢਾਡੀ ਸਹਿਤ ਸਭਾ ਦੇ ਸਾਬਕਾ ਪ੍ਰਧਾਨ ਅਤੇ ਅੰਤਰਰਾਸ਼ਟਰੀ ਗੋਲਡ ਮੈਡਲਿਸ਼ਟ ਕਵੀਸ਼ਰ ਅਤੇ ਮਾਲਵਾ ਕਵੀਸ਼ਰ ਢਾਡੀ ਸਹਿਤ ਸਭਾ ਦੇ ਸਾਬਕਾ ਚੇਅਰਮੈਨ ਲੇਖਕ ਵੀਰਭਾਨ ਮਾਲਵਾ ਦੇ ਵੱਡੇ ਭਰਾਤਾ ਪ੍ਰਸਿੱਧ ਕਵੀਸ਼ਰ ਭਾਈ ਜੁਗਰਾਜ ਸਿੰਘ ਮੌੜ ਮਾਲਵਾ ਦਿਲ ਦਾ ਦੌਰਾ ਪੈਣ ਕਾਰਨ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਏ। ਉਨ੍ਹਾਂ ਦੀ ਹੋਈ ਬੇਵਕਤੀ ਮੌਤ ਦੀ ਖਬਰ ਨਾਲ ਕਵੀਸ਼ਰ, ਢਾਡੀ ਜਗਤ ਅਤੇ ਸਿੱਖ ਜਗਤ ਵਿਚ ਸੋਗ ਦੀ ਲਹਿਰ ਦੌੜ ਗਈ।

ਇਸ ਦੁੱਖ ਦੀ ਘੜੀ ਵਿਚ ਉਨ੍ਹਾਂ ਦੇ ਵੱਡੇ ਭਰਾਤਾ ਪਰਮਜੀਤ ਸਿੰਘ ਫੋਰਮੈਨ ਅਤੇ ਛੋਟੇ ਭਰਾਤਾ ਕਵੀਸ਼ਰ ਵੀਰਭਾਨ ਸਿੰਘ ਮਾਲਵਾ ਨਾਲ ਇਲਾਕੇ ਦੀਆਂ ਵੱਖ ਵੱਖ ਸਿੱਖ ਜਥੇਬੰਦੀਆਂ, ਕਵੀਸ਼ਰੀ ਅਤੇ ਢਾਡੀ ਜੱਥਿਆਂ, ਸਹਿਤ ਸਭਾਵਾਂ, ਸਮਾਜ ਸੇਵੀ ਸੰਸਥਾਵਾਂ ਤੋਂ ਇਲਾਵਾ 'ਮਹਿਕ ਵਤਨ ਦੀ ਲਾਈਵ' ਦੇ ਮੁੱਖ ਸੰਪਾਦਕ ਭਵਨਦੀਪ ਸਿੰਘ ਪੁਰਬਾ, ਮਾਲਵਾ ਕਵੀਸ਼ਰ ਢਾਡੀ ਸਹਿਤ ਸਭਾ ਦੇ ਕਾਰਜਕਾਰੀ ਪ੍ਰਧਾਨ ਢਾਢੀ ਜਸਵਿੰਦਰ ਸਿੰਘ ਬਾਗੀ, ਢਾਢੀ ਕਵੀਸ਼ਰ ਕਲਾ ਬਚਾਓ ਲਹਿਰ ਦੇ ਮੁੱਖ ਸੇਵਾਦਾਰ ਢਾਢੀ ਸਾਧੂ ਸਿੰਘ ਧੰਮੂ, ਪ੍ਰਧਾਨ ਜਗਜੀਵਨ ਸਿੰਘ ਰੋਡੇ, ਰੋਸ਼ਨ ਸਿੰਘ ਬੱਧਨੀ ਕਲਾਂ, ਸੁਖਮੰਦਰ ਸਿੰਘ ਹਮਦਰਦ, ਸਰੂਪ ਸਿੰਘ ਸੁਖਾਨੰਦ, ਪੰਡਤ ਸੋਮਨਾਥ ਰੋਡੇ, ਮਨਪ੍ਰੀਤ ਸਿੰਘ ਦੌਧਰ, ਤਰਸੇਮ ਸਿੰਘ ਦੌਧਰ, ਸਵਰਨ ਸਿੰਘ ਰੋਡੇ, ਮਹਿੰਦਰ ਸਿੰਘ ਮਿਹਨਤੀ, ਭੁਪਿੰਦਰ ਸਿੰਘ ਖਾਲਸਾ, ਮੱਖਣ ਸਿੰਘ, ਸੁਲੱਖਣ ਸਿੰਘ ਸੁਖਾਨੰਦ , ਨਿਸ਼ਾਨ ਸਿੰਘ ਕੋਰੇ ਵਾਲਾ, ਪਿਰਥੀ ਸਿੰਘ ਵੈਦ, ਅਜਮੇਰ ਸਿੰਘ ਕੋਟਲਾ ਰਾਏ ਕਾ, ਜਰਨੈਲ ਸਿੰਘ, ਆਦਿ ਢਾਡੀ ਕਵੀਸ਼ਰਾਂ ਦੇ ਨਾਲ ਨਾਲ ਸੰਤ ਬਾਬਾ ਕਪੂਰ ਸਿੰਘ ਜੀ ਸਨੇਹਰਾਂ ਵਾਲੇ, ਬਾਬਾ ਗੁਰਦੀਪ ਸਿੰਘ ਜੀ ਚੰਦਪੁਰਾਣਾ, ਬਾਬਾ ਬਲਦੇਵ ਸਿੰਘ ਜੀ ਮੰਡੀਰਾਂ ਨੇ ਮੌੜ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# ਨਿਹੰਗ ਸਿੰਘਾਂ ਵੱਲੋਂ ਅੰਮ੍ਰਿਤ ਸੰਚਾਰ ਮੌਕੇ ਵਿਤਕਰੇ ਦੀ ਸ਼ਿਕਾਇਤ ਜਥੇਦਾਰ ਹਵਾਰਾ ਕੋਲ ਪਹੁੰਚੀ

ਫ਼ਤਹਿਗੜ੍ਹ ਸਾਹਿਬ/ ਮਵਦੀਲਾ ਬਿਓਰੋ

ਸਰਬੱਤ ਖਾਲਸਾ ਵੱਲੋਂ ਥਾਪੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਦੇ ਨਾਮ ਇੱਕ ਸ਼ਿਕਾਇਤ ਨਿਹੰਗ ਸਿੰਘ ਜਥੇਬੰਦੀ ਇੰਟਰਨੈਸ਼ਨਲ ਮਿਸਲ ਸ਼੍ਰੋਮਣੀ ਸ਼ਹੀਦ ਬਾਬਾ ਸੰਗਤ ਸਿੰਘ ਜੀ ਦੇ ਮੁੱਖ ਚੀਫ ਬਾਬਾ ਚੜ੍ਹਤ ਸਿੰਘ ਅਤੇ ਮੀਤ ਜਥੇਦਾਰ ਰਾਜਾ ਰਾਜ ਸਿੰਘ ਵੱਲੋਂ ਦਿੱਤੀ ਗਈ। ਇਹ ਸ਼ਿਕਾਇਤ ਪੱਤਰ ਅੱਜ ਪ੍ਰੈੱਸ ਕਾਨਫਰੰਸ ਦੌਰਾਨ ਜਥੇਦਾਰ ਹਵਾਰਾ ਕਮੇਟੀ ਦੇ ਮੈਂਬਰਾਂ ਨੇ ਪ੍ਰਾਪਤ ਕੀਤਾ।

ਸ਼ਿਕਾਇਤ ਪੱਤਰ ਵਿੱਚ ਨਿਹੰਗ ਸਿੰਘ ਜਥੇਬੰਦੀ ਵੱਲੋਂ ਕਿਹਾ ਗਿਆ ਕਿ ਕੁਝ ਸੰਪਰਦਾਵਾਂ ਵੱਲੋਂ ਅੰਮ੍ਰਿਤ ਸੰਚਾਰ ਵੇਲੇ ਮਜ਼੍ਹਬੀ ਅਤੇ ਰਾਮ ਦੱਸੀਏ ਸਿੰਘਾਂ ਨੂੰ ਜੱਟ ਸਿੱਖਾਂ ਤੋਂ ਅਲਾਇਦਾ ਕਰਕੇ ਅੰਮ੍ਰਿਤ ਛਕਾਇਆ ਜਾਂਦਾ ਹੈ ਅਤੇ ਲੰਗਰ ਵਿੱਚ ਵੀ ਜਾਤ ਪਾਤ ਦਾ ਵਿਤਕਰਾ ਹੈ। ਗੁਰੂ ਸਾਹਿਬ ਵੱਲੋਂ ਬਖਸ਼ੀ ਹੋਈ ਮਰਿਆਦਾ ਅਨੁਸਾਰ ਜਾਤ ਪਾਤ ਦਾ ਭੇਦ ਮਿਟਾ ਕੇ ਇੱਕੋ ਹੀ ਬਾਟੇ ਵਿੱਚੋਂ ਅੰਮ੍ਰਿਤ ਛਕਾਉਣ ਦਾ ਹੁਕਮ ਹੈ।



ਜਥੇਦਾਰ ਹਵਾਰਾ ਕਮੇਟੀ ਦੇ ਆਗੂ ਐਡਵੋਕੇਟ ਅਮਰ ਸਿੰਘ ਚਾਹਲ, ਪ੍ਰੋਫੈਸਰ ਬਲਜਿੰਦਰ ਸਿੰਘ ਅਤੇ ਬਾਪੂ ਗੁਰਚਰਨ ਸਿੰਘ ਨੇ ਕਿਹਾ ਕਿ ਪੰਥ ਪ੍ਰਵਾਨਿਤ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਅਨੁਸਾਰ ਅੰਮ੍ਰਿਤ ਛਕਾਉਣ ਵੇਲੇ ਜਾਤੀ ਦੇ ਆਧਾਰ ਤੇ ਕਿਸੇ ਵੀ ਪ੍ਰਕਾਰ ਦਾ ਵਿਤਕਰਾ ਕਰਨ ਦੀ ਇਜਾਜ਼ਤ ਨਹੀਂ ਹੈ ਅਤੇ ਨਾ ਹੀ ਲੰਗਰ ਛਕਾਉਣ ਅਤੇ ਵਰਤਾਉਣ ਵਿੱਚ ਜਾਤੀ ਦਾ ਭੇਦ ਭਾਵ ਹੈ। ਇਸ ਸ਼ਿਕਾਇਤ ਦਾ ਨਿਵਾਰਨ ਕਰਨ ਲਈ ਕਮੇਟੀ ਗਠਿਤ ਕਰਕੇ ਸਬੰਧਿਤ ਸੰਪਰਦਾਵਾਂ ਨਾਲ ਸੰਪਰਕ ਕੀਤਾ ਜਾਵੇਗਾ ਤਾਂ ਜੋ ਅੰਮ੍ਰਿਤ ਛਕਾਉਣ ਦੀ ਮਰਿਆਦਾ ਵਿੱਚ ਇੱਕਸਾਰਤਾ ਲਿਆਈ ਜਾ ਸਕੇ। ਉਨ੍ਹਾ ਕਿਹਾ ਕਿ ਵਿਸ਼ਵ ਦੇ ਸਿੱਖਾਂ ਲਈ ਵਰਲਡ ਸਿੱਖ ਪਾਰਲੀਮੈਂਟ ਸਾਂਝਾ ਮੰਚ ਹੈ। ਇਸਦੇ ਰਾਹੀਂ ਕੌਮੀ ਮਸਲੇ ਸੰਜੀਦਗੀ ਨਾਲ ਹੱਲ ਕੀਤੇ ਜਾ ਸਕਦੇ ਹਨ ਇਸ ਲਈ ਸਾਨੂੰ ਇਸਨੂੰ ਹੋਰ ਮਜ਼ਬੂਤ ਕਰਨ ਲਈ ਯਤਨ ਕਰਨੇ ਚਾਹੀਦੇ ਹਨ। ਨਿਹੰਗ ਸਿੰਘਾਂ ਨੇ ਇਹ ਮਸਲਾ ਵਰਲਡ ਸਿੱਖ ਪਾਰਲੀਮੈਂਟ ਕੋਲ ਵੀ ਰਖਿਆ ਹੈ।

ਪ੍ਰੈੱਸ ਕਾਨਫਰੰਸ ਵਿੱਚ ਹੋਰਨਾਂ ਤੋਂ ਇਲਾਵਾ ਗੁਰਜੰਟ ਸਿੰਘ ਪਟਿਆਲਾ, ਪ੍ਰਦੀਪ ਸਿੰਘ ਸੰਗਤਪੁਰ ਸੋਢੀਆਂ, ਜਥੇਦਾਰ ਬਾਬਾ ਕੁਲਵੰਤ ਸਿੰਘ ਸੋਢੀ, ਮੁਖੀ ਦਸ਼ਮੇਸ਼ ਤਰਨਾ ਦਲ, ਜਥੇਦਾਰ ਬਾਬਾ ਨਰੈਣ ਸਿੰਘ ਮੁੱਖੀ ਤਰਨਾ ਦੱਲ, ਜਥੇਦਾਰ ਸ਼ੇਰ ਸਿੰਘ ਸੋਢੀ ਮੁੱਖੀ ਤਰਨਾ ਦਲ ਲੁਧਿਆਣਾ, ਜਥੇਦਾਰ ਕੁਲਦੀਪ ਸਿੰਘ ਕੋਟ ਦੁਨਾ ਤਰਨਾ ਦਲ, ਕੁਲਦੀਪ ਸਿੰਘ ਦੁਬਾਲੀ, ਬਲਜੀਤ ਸਿੰਘ ਭਾਊ, ਜਸਵੰਤ ਸਿੰਘ ਸਿੱਧੂਪੁਰ, ਗੁਰਪ੍ਰੀਤ ਸਿੰਘ ਬੱਬਰ, ਮਹਾਂਬੀਰ ਸਿੰਘ ਸੁਲਤਾਨਵਿੰਡ, ਮਾ. ਕਾਬਲ ਸਿੰਘ, ਇੰਦਰਜੀਤ ਸਿੰਘ, ਹਰਦੀਪ ਸਿੰਘ ਸਿੱਧੂਪੁਰ, ਹਰਪ੍ਰੀਤ ਸਿੰਘ, ਪਰਵਿੰਦਰ ਸਿੰਘ ਲਾਡੀ, ਗੁਰਜੰਟ ਸਿੰਘ, ਪਰਵਿੰਦਰ ਸਿੰਘ ਕਵੀਸ਼ਰ ਆਦਿ ਹਾਜ਼ਰ ਸਨ।

# ਦੇਸ਼ ਦਾ ਨਾਂ ਬਦਲਣਾ ਅਦਾਲਤ ਦੇ ਹੱਥ ਨਹੀਂ -ਸੁਪਰੀਮ ਕੋਰਟ



ਨਵੀਂ ਦਿੱਲੀ/ 03 ਜੂਨ 2020/ ਏਜੰਸੀਆਂ

ਸੁਪਰੀਮ ਕੋਰਟ ਨੇ ਦੇਸ਼ ਦੇ ਅਧਿਕਾਰਤ ਨਾਂ ਭਾਰਤ ਰੱਖਣ ਦੀ ਮੰਗ 'ਤੇ ਵਿਚਾਰ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਅਦਾਲਤ ਨੇ ਪਟੀਸ਼ਨਰ ਨੂੰ ਕਿਹਾ ਕਿ ਅਜਿਹੇ ਨੀਤੀਗਤ ਫੈਸਲੇ ਲੈਣਾ ਅਦਾਲਤ ਦਾ ਕੰਮ ਨਹੀਂ। ਨਮੋ ਨਾਂ ਦੇ ਪਟੀਸ਼ਨਕਰਤਾ ਨੇ ਅੰਗਰੇਜ਼ਾਂ ਦੇ ਰੱਖੇ ਭਾਰਤ ਨਾਂ ਦਾ ਇਸਤੇਮਾਲ ਹੁਣ ਬੰਦ ਕਰ ਦੇਣਾ ਚਾਹੀਦਾ ਹੈ। ਪਟੀਸ਼ਨ 'ਚ ਕਿਹਾ ਗਿਆ ਸੀ ਕਿ ਹੁਣ ਸਮਾਂ ਆ ਗਿਆ ਹੈ ਕਿ ਦੇਸ਼ ਦਾ ਨਾਂ 'ਇੰਡੀਆ ਦੈਟ ਇਜ਼ ਭਾਰਤ' ਨਹੀਂ, ਸਗੋਂ ਸਿਰਫ ਭਾਰਤ ਰੱਖਿਆ ਜਾਣਾ ਚਾਹੀਦਾ ਹੈ।

ਅੱਜ ਇਹ ਮਾਮਲਾ ਚੀਫ ਜਸਟਿਸ ਐਸਏ ਬੋਬੜੇ, ਜਸਟਿਸ ਏ ਐਸ ਬੋਪੰਨਾ ਤੇ ਰਿਸ਼ੀਕੇਸ਼ ਰਾਏ ਦੇ ਬੈਂਚ ਦੇ ਸਾਹਮਣੇ ਆਇਆ। ਤਿੰਨਾਂ ਜੱਜਾਂ ਨੇ ਆਪਣੇ ਘਰ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਕੇਸ ਦੀ ਸੁਣਵਾਈ ਕੀਤੀ। ਜਿਵੇਂ ਹੀ ਵਕੀਲ ਅਸ਼ਵਿਨ ਵੈਸ਼ ਨੇ ਪਟੀਸ਼ਨਕਰਤਾ ਦੀ ਤਰਫੋਂ ਬਹਿਸ ਕਰਨੀ ਸ਼ੁਰੂ ਕੀਤੀ, ਚੀਫ਼ ਜਸਟਿਸ ਨੇ ਕਿਹਾ, "ਤੁਸੀਂ ਇੱਥੇ ਕਿਉਂ ਚਲੇ ਆਏ? ਅਜਿਹੇ ਮਾਮਲਿਆਂ 'ਤੇ ਵਿਚਾਰ ਕਰਨਾ ਅਦਾਲਤ ਦਾ ਕੰਮ ਨਹੀਂ।"

ਇਸ 'ਤੇ ਪਟੀਸ਼ਨਰ ਦੇ ਵਕੀਲ ਨੇ ਕੇਸ ਨੂੰ ਅਹਿਮ ਦੱਸਿਆ। ਅਦਾਲਤ ਨੂੰ ਇਸ 'ਤੇ ਵਿਚਾਰ ਕਰਨਾ ਚਾਹੀਦਾ ਹੈ। ਚੀਫ਼ ਜਸਟਿਸ ਨੇ ਉਨ੍ਹਾਂ ਨੂੰ ਰੋਕਦਿਆਂ ਕਿਹਾ, "ਤੁਸੀਂ ਕਹਿ ਰਹੇ ਹੋ ਕਿ ਦੇਸ਼ ਦਾ ਅਧਿਕਾਰਤ ਨਾਂ ਭਾਰਤ ਬਦਲਿਆ ਜਾਣਾ ਚਾਹੀਦਾ ਹੈ ਪਰ ਸੰਵਿਧਾਨ ਵਿੱਚ ਪਹਿਲਾਂ ਹੀ ਭਾਰਤ ਨਾਂ ਲਿਖਿਆ ਹੈ। ਚੀਫ਼ ਜਸਟਿਸ ਨੇ ਕਿਹਾ, "ਇਸ ਤਰ੍ਹਾਂ ਸਰਕਾਰ ਤੇ ਸੰਸਦ ਮਾਮਲਿਆਂ ਵਿਚ ਫੈਸਲਾ ਲੈਂਦੀਆਂ ਹਨ। ਤੁਸੀ ਜਾਓ ਤੇ ਸਰਕਾਰ ਨੂੰ ਮੰਗ ਪੱਤਰ ਸੌਂਪੋ। ਆਪਣੀ ਦਲੀਲਾਂ ਨਾਲ ਉਨ੍ਹਾਂ ਨੂੰ ਭਰੋਸਾ ਦਵਾਓ।" ਜਦੋਂ ਪਟੀਸ਼ਨਕਰਤਾ ਨੇ ਹੋਰ ਅੰਤਰ-ਜਾਂਚ ਕਰਨ ਦੀ ਕੋਸ਼ਿਸ਼ ਕੀਤੀ, ਤਾਂ ਅਦਾਲਤ ਨੇ ਕਿਹਾ, "ਅਸੀਂ ਸਿਰਫ ਇੱਕ ਆਦੇਸ਼ ਦੇ ਸਕਦੇ ਹਾਂ ਕਿ ਤੁਸੀ ਆਪਣੀ ਪਟੀਸ਼ਨ ਸਰਕਾਰ ਨੂੰ ਸੌਂਪ ਸਕਦੇ ਹੋ। ਸਰਕਾਰ ਇਸ ਨੂੰ ਇੱਕ ਮੈਮੋਰੰਡਮ ਦੀ ਤਰ੍ਹਾਂ ਦੇਖੇਗੀ ਅਤੇ ਜੋ ਵੀ ਢੁਕਵਾਂ ਫੈਸਲਾ ਲਵੇਗੀ।" ਇਸ ਟਿੱਪਣੀ ਦੇ ਨਾਲ, ਸੁਪਰੀਮ ਕੋਰਟ ਨੇ ਪਟੀਸ਼ਨ ਨੂੰ ਅੱਗੇ ਸੁਣਨ ਤੋਂ ਇਨਕਾਰ ਕਰ ਦਿੱਤਾ।




